## ਸਾਲ / ਸੈਸ਼ਨ 2022-2023 ਲਈ ਪੰਜਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

1. ਯੋਗਤਾ ਸਬੰਧੀ ਜਿੰਮੇਵਾਰੀ ਨਿਰੋਲ ਸਕੂਲ ਮੁਖੀ ਦੀ ਹੈ। ਇਸ ਲਈ ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਨ ਘੋਖ ਕਰਕੇ ਯੋਗਤਾ ਚੈਕ ਕਰੇ ਤਾਂ ਜੋ ਕੇਵਲ ਯੋਗ ਵਿਦਿਆਰਥੀ ਹੀ ਦਾਖਲ ਹੋ ਸਕਣ।
2. ਪੰਜਵੀਂ ਸ਼੍ਰੇਣੀ ਵਿੱਚ ਉਹ ਵਿਦਿਆਰਥੀ ਹੀ ਦਾਖਲ ਕੀਤੇ ਜਾਣ,ਜਿਨ੍ਹਾਂ ਨੇ ਚੌਥੀ ਸ਼੍ਰੇਣੀ ਦੀ ਸਿੱਖਿਆ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਰਕਾਰੀ /ਐਫੀਲਿਏਟਿਡ/ ਏਡਿਡ ਐਸੋਸੀਏਟਿਡ ਸਕੂਲ ਤੋਂ ਪ੍ਰਾਪਤ ਕੀਤੀ ਹੋਵੇ ਅਤੇ ਉਸ ਨੂੰ ਕਿਸੇ ਵੀ ਸਕੂਲ ਵੱਲੋਂ held back ਨਾ ਕੀਤਾ ਗਿਆ ਹੋਵੇ। ਜਦੋਂ ਵੀ ਸਕੂਲ ਵੱਲੋਂ ਬੋਰਡ ਨਾਲ ਕੋਈ ਪੱਤਰ ਵਿਹਾਰ ਕਰਨਾ ਹੋਵੇ, ਸਕੂਲ ਵੱਲੋਂ ਭੇਜੇ ਗਏ ਪੱਤਰ ਵਿੱਚ ਸ਼ਨਾਖਤੀ ਨੰਬਰ/ਸਕੂਲ ਕੋਡ ਲਿਖਿਆ ਹੋਣਾ ਚਾਹੀਦਾ ਹੈ।

   ਜਾਂ

   ਪੰਜਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਵਿਦਿਆਰਥੀ ਦੀ 31 ਮਾਰਚ ਤੱਕ ਘੱਟੋ ਘੱਟ ਉਮਰ 9 ਸਾਲ ਹੋਣੀ ਚਾਹੀਦੀ ਹੈ। ਇਸ ਸਬੰਧੀ ਯੋਗਤਾ ਚੈੱਕ ਕਰਨ ਦੀ ਨਿਰੋਲ ਜਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ

3. ਬੋਰਡ ਜਾਂ ਬੋਰਡ ਦੇ ਤੁਲ ਕਿਸੇ ਦੂਜੇ ਬੋਰਡ ਤੋਂ ਪਿਛਲੇ ਦੋ ਸਾਲਾਂ ਤੱਕ ਪੰਜਵੀਂ ਸ਼੍ਰੇਣੀ ਵਿੱਚ ਕੇਵਲ ਰੈਗੂਲਰ ਵਿਦਿਆਰਥੀ ਜਿੰਨ੍ਹਾਂ ਦਾ ਨਤੀਜਾ Not Promoted ਘੋਸ਼ਿਤ ਹੋਇਆ ਹੋਵੇ,ਹੀ ਪੰਜਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਹੋਣਗੇ।

4. ਜੇ ਕੋਈ ਰੈਗੂਲਰ ਉਮੀਦਵਾਰ ਪੰਜਵੀਂ ਸ਼੍ਰੇਣੀ ਦੀ ਰੀ-ਅਪੀਅਰ ਪ੍ਰੀਖਿਆ ਵਿੱਚ Promoted ਘੋਸ਼ਿਤ ਹੁੰਦਾ ਹੈ ਤਾਂ ਉਹ ਛੇਵੀਂ ਸ਼੍ਰੇਣੀ ਵਿੱਚ ਦਾਖਲੇ ਦੇ ਯੋਗ ਹੈ। ਜੇਕਰ ਮੌਜੂਦਾ ਸੈਸ਼ਨ ਵਿੱਚ ਕੋਈ ਉਮੀਦਵਾਰ ਪੰਜਵੀਂ ਦੀ ਰੀ-ਅਪੀਅਰ ਦੀ ਪ੍ਰੀਖਿਆ ਵਿੱਚ Not Promoted ਘੋਸ਼ਿਤ ਹੁੰਦਾ ਤਾਂ ਉਹ ਮੌਜੂਦਾ ਸੈਸ਼ਨ ਵਿੱਚ ਮੁੜ ਪੰਜਵੀਂ ਸ਼੍ਰੇਣੀ ਵਿੱਚ ਦਾਖਲੇ ਦੇ ਯੋਗ ਹੈ।

5. ਸਕੂਲਾਂ ਨੂੰ ਪ੍ਰਵਾਨਿਤ ਸੀਟਾਂ ਅਨੁਸਾਰ ਹੀ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ।

6. ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਵਿੱਚ ਦਰਸਾਈਆ ਮਿਤੀਆਂ ਖ਼ਤਮ ਹੋਣ ਉਪਰੰਤ ਸਕੂਲ ਮੁਖੀ ਵੱਲੋਂ ਕਿਸੇ ਵੀ ਵਿਦਿਆਰਥੀ ਨੂੰ ਆਪਣੇ ਪੱਧਰ ਤੇ ਦਾਖਲਾ ਨਾ ਦਿੱਤਾ ਜਾਵੇ।

7. ਹੋਰ ਰਾਜ/ਬੋਰਡ ਤੋਂ ਮਾਈਗਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦਰਸਾਏ ਦਸਤਾਵੇਜ਼ ਪੇਸ਼ ਕਰਨ ਤੇ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ:-

   i. ਜਿਹੜੇ ਵਿਦਿਆਰਥੀਆਂ ਨੇ ਜਿਸ ਕਲਾਸ ਵਿੱਚ ਦਾਖਲਾ ਲੈਣਾ ਹੈ, ਉਸ ਕੋਲ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਦੋਵੇਂ ਹੀ ਦਸਤਾਵੇਜ਼ ਲੈ ਕੇ ਮੁੱਖ

ਦਫਤਰ ਵਿਖੇ ਪਹੁੰਚਾਏ ਜਾਣ। ਜਿੰਨ੍ਹਾਂ ਸਕੂਲਾਂ ਵੱਲੋਂ ਇਸ ਸਬੰਧੀ ਪਹਿਲਾਂ ਹੀ ਦੋਵੇਂ ਦਸਤਾਵੇਜ਼ ਭੇਜੇ ਗਏ ਹਨ, ਉਹਨਾਂ ਨੂੰ ਦੁਬਾਰਾ ਭੇਜਣ ਦੀ ਜ਼ਰੂਰਤ ਨਹੀਂ ਹੈ।

ਜਾਂ

ਪੰਜਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਵਿਦਿਆਰਥੀ ਦੀ 31 ਮਾਰਚ ਤੱਕ ਘੱਟੋ ਘੱਟ ਉਮਰ 9 ਸਾਲ ਹੋਣੀ ਚਾਹੀਦੀ ਹੈ। ਇਸ ਸਬੰਧੀ ਯੋਗਤਾ ਚੈੱਕ ਕਰਨ ਦੀ ਨਿਰੋਲ ਜਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ।

ii. ਸਕੂਲ ਮੁਖੀ ਦੁਆਰਾ ਟਰਾਂਸਫਰ ਸਰਟੀਫਿਕੇਟ/ਨਤੀਜਾ ਕਾਰਡ ਕਿਸੇ ਹੋਰ ਅਥਾਰਟੀ ਤੋਂ ਵੈਰੀਫਾਈ ਕਰਵਾਉਣ ਦੀ ਲੋੜ ਨਹੀਂ ਹੋਵੇਗੀ। ਇਸ ਸਬੰਧ ਵਿੱਚ ਸਕੂਲ ਮੁਖੀ ਸੀ.ਬੀ.ਐਸ.ਈ ਜਾਂ ਦੂਜੇ ਰਾਜਾਂ ਦੇ ਬੋਰਡਾਂ ਦੀ ਵੈੱਬਸਾਈਟ ਤੋਂ ਸਕੂਲ ਬਾਰੇ ਵੈਰੀਫਾਈ ਕਰ ਲੈਣ ਕਿ ਸਰਟੀਫਿਕੇਟ ਜਾਰੀ ਕਰਨ ਵਾਲੀ ਸੰਸਥਾ/ਸਕੂਲ ਬੋਰਡ ਨਾਲ ਐਫੀਲੀਏਟਡ ਹੈ ਜਾਂ ਨਹੀਂ। ਨਾਲ ਹੀ ਸਕੂਲ ਮੁਖੀ ਜਾਂ ਕਲਾਸ ਇੰਚਾਰਜ ਵੈਬਸਾਈਟ ਤੋਂ ਵੈਰੀਫਾਈ ਕਰਨ ਉਪਰੰਤ ਇਸ ਸਬੰਧ ਵਿੱਚ ਆਪਣੇ ਰਿਕਾਰਡ ਸਬੰਧਤ ਵੇਰਵੇ ਦਰਜ ਕਰ ਦੇਣ।

iii. ਜਿਹੜੇ ਵਿਦਿਆਰਥੀ ਦਾਖਲ ਹੋਣ ਸਮੇਂ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਕਿਸੇ ਵਜ੍ਹਾਂ ਨਾਲ ਨਾ ਦੇ ਸਕਣ, ਤਾਂ ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੋਵੀਜ਼ਨਲ ਦਾਖਲਾ ਦੇ ਦਿੱਤਾ ਜਾਵੇ ਪਰੰਤੂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ ਪਹਿਲਾਂ ਦੋਵੇ ਸਰਟੀਫਿਕੇਟ ਸਬੰਧਤ ਵਿਦਿਆਰਥੀ ਦੁਆਰਾ ਸਕੂਲ ਮੁਖੀ ਨੂੰ ਪੇਸ਼ ਕਰਨੇ ਜ਼ਰੂਰੀ ਹਨ।

ਨੋਟ:- ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ ਬੋਰਡ ਦਫਤਰ ਦੇ ਫੋਨ ਨੰਬਰ 0172-5227180-181 ਤੇ ਦਫਤਰੀ ਕੰਮ-ਕਾਜ ਵਾਲੇ ਦਿਨਾਂ (ਸਵੇਰੇ 9.00 ਵਜੇ ਤੋਂ ਸ਼ਾਮ 5.00ਵਜੇਤੱਕ) ਵਿੱਚ ਸੰਪਰਕ ਕੀਤਾ ਜਾ ਸਕਦਾ ਹੈ।

22.3.22

ਉਪ ਸਕੱਤਰ (ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ।

## ਸਾਲ / ਸੈਸ਼ਨ 2022-2023 ਲਈ ਅੱਠਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

1. ਯੋਗਤਾ ਸਬੰਧੀ ਜਿੰਮੇਵਾਰੀ ਨਿਰੋਲ ਸਕੂਲ ਮੁਖੀ ਦੀ ਹੈ। ਇਸ ਲਈ ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਨ ਘੋਖ ਕਰਕੇ ਯੋਗਤਾ ਚੈਕ ਕਰੇ ਤਾਂ ਜੋ ਕੇਵਲ ਯੋਗ ਵਿਦਿਆਰਥੀ ਹੀ ਦਾਖਲ ਹੋ ਸਕਣ।
2. ਅੱਠਵੀਂ ਸ਼੍ਰੇਣੀ ਵਿੱਚ ਉਹ ਵਿਦਿਆਰਥੀ ਹੀ ਦਾਖਲ ਕੀਤੇ ਜਾਣ,ਜਿਨ੍ਹਾਂ ਨੇ ਸੱਤਵੀਂ ਸ਼੍ਰੇਣੀ ਦੀ ਸਿੱਖਿਆ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਰਕਾਰੀ /ਐਫੀਲਿਏਟਿਡ/ ਏਡਿਡ ਐਸੋਸੀਏਟਿਡ ਸਕੂਲ ਤੋਂ ਪ੍ਰਾਪਤ ਕੀਤੀ ਹੋਵੇ ਅਤੇ ਉਸ ਨੂੰ ਕਿਸੇ ਵੀ ਸਕੂਲ ਵੱਲੋਂ held back ਨਾ ਕੀਤਾ ਗਿਆ ਹੋਵੇ। **ਜਦੋਂ ਵੀ ਸਕੂਲ ਵੱਲੋਂ ਬੋਰਡ ਨਾਲ ਕੋਈ ਪੱਤਰ ਵਿਹਾਰ ਕਰਨਾ ਹੋਵੇ, ਸਕੂਲ ਵੱਲੋਂ ਭੇਜੇ ਗਏ ਪੱਤਰ ਵਿੱਚ ਸ਼ਨਾਖਤੀ ਨੰਬਰ/ਸਕੂਲ ਕੋਡ ਲਿਖਿਆ ਹੋਣਾ ਚਾਹੀਦਾ ਹੈ।**

**ਜਾਂ**

**ਅੱਠਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਵਿਦਿਆਰਥੀ ਦੀ 31 ਮਾਰਚ ਤੱਕ ਘੱਟੋ ਘੱਟ ਉਮਰ 12 ਸਾਲ ਹੋਣੀ ਚਾਹੀਦੀ ਹੈ। ਇਸ ਸਬੰਧੀ ਯੋਗਤਾ ਚੈੱਕ ਕਰਨ ਦੀ ਨਿਰੋਲ ਜਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ**

3. **ਬੋਰਡ ਜਾਂ ਬੋਰਡ ਦੇ ਤੁਲ ਕਿਸੇ ਦੂਜੇ ਬੋਰਡ ਤੋਂ ਪਿਛਲੇ ਦੋ ਸਾਲਾਂ ਤੱਕ ਅੱਠਵੀਂ ਸ਼੍ਰੇਣੀ ਵਿੱਚ ਕੇਵਲ ਰੈਗੂਲਰ ਵਿਦਿਆਰਥੀ ਜਿੰਨ੍ਹਾਂ ਦਾ ਨਤੀਜਾ Not Promoted** ਘੋਸ਼ਿਤ ਹੋਇਆ ਹੋਵੇ,ਹੀ ਅੱਠਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਹੋਣਗੇ।

4. ਜੇ ਕੋਈ ਰੈਗੂਲਰ ਉਮੀਦਵਾਰ ਅੱਠਵੀਂ ਸ਼੍ਰੇਣੀ ਦੀ ਰੀ-ਅਪੀਅਰ ਪ੍ਰੀਖਿਆ ਵਿੱਚ **Promoted** ਘੋਸ਼ਿਤ ਹੁੰਦਾ ਹੈ ਤਾਂ ਉਹ ਨੌਵੀਂ ਸ਼੍ਰੇਣੀ ਵਿੱਚ ਦਾਖਲੇ ਦੇ ਯੋਗ ਹੈ। **ਜੇਕਰ ਮੌਜੂਦਾ ਸੈਸ਼ਨ ਵਿੱਚ ਕੋਈ ਉਮੀਦਵਾਰ ਅੱਠਵੀਂ ਦੀ ਰੀ-ਅਪੀਅਰ ਦੀ ਪ੍ਰੀਖਿਆ ਵਿੱਚ Not Promoted ਘੋਸ਼ਿਤ ਹੁੰਦਾ ਤਾਂ ਉਹ ਮੌਜੂਦਾ ਸੈਸ਼ਨ ਵਿੱਚ ਮੁੜ ਅੱਠਵੀਂ ਸ਼੍ਰੇਣੀ ਵਿੱਚ ਦਾਖਲੇ ਦੇ ਯੋਗ ਹੈ।**

5. **ਸਕੂਲਾਂ ਨੂੰ ਪ੍ਰਵਾਨਿਤ ਸੀਟਾਂ ਅਨੁਸਾਰ ਹੀ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ।**

6. **ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਵਿੱਚ ਦਰਸਾਈਆ ਮਿਤੀਆਂ ਖ਼ਤਮ ਹੋਣ ਉਪਰੰਤ ਸਕੂਲ ਮੁਖੀ ਵੱਲੋਂ ਕਿਸੇ ਵੀ ਵਿਦਿਆਰਥੀ ਨੂੰ ਆਪਣੇ ਪੱਧਰ ਤੇ ਦਾਖਲਾ ਨਾ ਦਿੱਤਾ ਜਾਵੇ।**

7. **ਹੋਰ ਰਾਜ/ਬੋਰਡ ਤੋਂ ਮਾਈਗਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦਰਸਾਏ ਦਸਤਾਵੇਜ਼ ਪੇਸ਼ ਕਰਨ ਤੇ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ:-**

i) ਜਿਹੜੇ ਵਿਦਿਆਰਥੀਆਂ ਨੇ ਜਿਸ ਕਲਾਸ ਵਿੱਚ ਦਾਖਲਾ ਲੈਣਾ ਹੈ, ਉਸ ਕੋਲ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਦੋਵੇਂ ਹੀ ਦਸਤਾਵੇਜ਼ ਲੈ ਕੇ ਮੁੱਖ

ਦਫਤਰ ਵਿਖੇ ਪਹੁੰਚਾਏ ਜਾਣ। ਜਿੰਨ੍ਹਾਂ ਸਕੂਲਾਂ ਵੱਲੋਂ ਇਸ ਸਬੰਧੀ ਪਹਿਲਾਂ ਹੀ ਦੋਵੇਂ ਦਸਤਾਵੇਜ਼ ਭੇਜੇ ਗਏ ਹਨ, ਉਹਨਾਂ ਨੂੰ ਦੁਬਾਰਾ ਭੇਜਣ ਦੀ ਜ਼ਰੂਰਤ ਨਹੀਂ ਹੈ।

ਜਾਂ

ਅੱਠਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਵਿਦਿਆਰਥੀ ਦੀ 31 ਮਾਰਚ ਤੱਕ ਘੱਟੋ ਘੱਟ ਉਮਰ 12 ਸਾਲ ਹੋਣੀ ਚਾਹੀਦੀ ਹੈ। ਇਸ ਸਬੰਧੀ ਯੋਗਤਾ ਚੈੱਕ ਕਰਨ ਦੀ ਨਿਰੋਲ ਜਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ।

ii) ਸਕੂਲ ਮੁਖੀ ਦੁਆਰਾ ਟਰਾਂਸਫਰ ਸਰਟੀਫਿਕੇਟ/ਨਤੀਜਾ ਕਾਰਡ ਕਿਸੇ ਹੋਰ ਅਥਾਰਟੀ ਤੋਂ ਵੈਰੀਫਾਈ ਕਰਵਾਉਣ ਦੀ ਲੋੜ ਨਹੀਂ ਹੋਵੇਗੀ। ਇਸ ਸਬੰਧ ਵਿੱਚ ਸਕੂਲ ਮੁਖੀ ਸੀ.ਬੀ.ਐਸ.ਈ ਜਾਂ ਦੂਜੇ ਰਾਜਾਂ ਦੇ ਬੋਰਡਾਂ ਦੀ ਵੈੱਬਸਾਈਟ ਤੋਂ ਸਕੂਲ ਬਾਰੇ ਵੈਰੀਫਾਈ ਕਰ ਲੈਣ ਕਿ ਸਰਟੀਫਿਕੇਟ ਜਾਰੀ ਕਰਨ ਵਾਲੀ ਸੰਸਥਾ/ਸਕੂਲ ਬੋਰਡ ਨਾਲ ਐਫੀਲੀਏਟਡ ਹੈ ਜਾਂ ਨਹੀਂ। ਨਾਲ ਹੀ ਸਕੂਲ ਮੁਖੀ ਜਾਂ ਕਲਾਸ ਇੰਚਾਰਜ ਵੈਬਸਾਈਟ ਤੋਂ ਵੈਰੀਫਾਈ ਕਰਨ ਉਪਰੰਤ ਇਸ ਸਬੰਧ ਵਿੱਚ ਆਪਣੇ ਰਿਕਾਰਡ ਸਬੰਧਤ ਵੇਰਵੇ ਦਰਜ ਕਰ ਲੈਣ।

iii) ਜਿਹੜੇ ਵਿਦਿਆਰਥੀ ਦਾਖਲ ਹੋਣ ਸਮੇਂ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਕਿਸੇ ਵਜ੍ਹਾਂ ਨਾਲ ਨਾ ਦੇ ਸਕਣ, ਤਾਂ ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੋਜੀਜ਼ਨਲ ਦਾਖਲਾ ਦੇ ਦਿੱਤਾ ਜਾਵੇ ਪਰੰਤੂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ ਪਹਿਲਾਂ ਦੋਵੇ ਸਰਟੀਫਿਕੇਟ ਸਬੰਧਤ ਵਿਦਿਆਰਥੀ ਦੁਆਰਾ ਸਕੂਲ ਮੁਖੀ ਨੂੰ ਪੇਸ਼ ਕਰਨੇ ਜ਼ਰੂਰੀ ਹਨ ।

**ਨੋਟ:- ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ ਬੋਰਡ ਦਫਤਰ ਦੇ ਫੋਨ ਨੰਬਰ 0172-5227180-181 ਤੇ ਦਫਤਰੀ ਕੰਮ-ਕਾਜ ਵਾਲੇ ਦਿਨਾਂ (ਸਵੇਰੇ 9.00 ਵਜੇ ਤੋਂ ਸ਼ਾਮ 5.00ਵਜੇਤੱਕ) ਵਿੱਚ ਸੰਪਰਕ ਕੀਤਾ ਜਾ ਸਕਦਾ ਹੈ।**

22.3.22

ਉਪ-ਸਕੱਤਰ(ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ।

## ਸਾਲ/ਸੈਸ਼ਨ 2022-2023 ਲਈ ਨੌਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

ਵਿਸ਼ੇਸ਼ ਨੋਟ:- ਦਾਖਲੇ ਸਬੰਧੀ ਅੱਠਵੀਂ ਦੇ ਨਤੀਜੇ ਆਉਣ ਦੀ ਉਡੀਕ ਨਾ ਕੀਤੀ ਜਾਵੇ ਅਤੇ ਦਾਖਲਾ ਸ਼ਡਿਊਲ ਅਨੁਸਾਰ ਆਰਜੀ ਤੌਰ ਤੇ ਦਾਖਲੇ ਕੀਤੇ ਜਾਣ।

1) ਯੋਗਤਾ ਸਬੰਧੀ ਜਿੰਮੇਵਾਰੀ ਨਿਰੋਲ ਸਕੂਲ ਮੁਖੀ ਦੀ ਹੈ। ਇਸ ਲਈ MHRD ਵੱਲੋਂ ਪ੍ਰਵਾਨਿਤ ਬੋਰਡਜ਼ (ਬੋਰਡ ਦੀ ਵੈੱਬਸਾਈਟ www.pseb.ac.in ਤੇ ਉਪਲੱਬਧ ਸੂਚੀ) ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਵਿਦਿਆਰਥੀਆਂ ਦੀ ਯੋਗਤਾ ਯਕੀਨੀ ਬਣਾਏ ਜਾਣ ਲਈ ਆਪਣੀ ਸੰਸਥਾ ਵਿੱਚ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਵ ਘੋਖ ਕਰਕੇ ਯੋਗਤਾ ਚੈੱਕ ਕਰੇ, ਤਾਂ ਜੋ ਕੇਵਲ ਯੋਗ ਵਿਦਿਆਰਥੀ ਹੀ ਦਾਖਲ ਹੋ ਸਕਣ। ਨੌਵੀਂ ਸ਼੍ਰੇਣੀ ਦੀ ਰਿਟਰਨ ਵਿੱਚ ਸਬੰਧਤ ਕਮੇਟੀ ਦੇ ਹਸਤਾਖਰ ਕਰਵਾ ਕੇ ਸਕੂਲ ਦੇ ਰਿਕਾਰਡ ਵਿੱਚ ਰੱਖ ਲਈ ਜਾਵੇ।

2) ਨੌਵੀਂ ਸ਼੍ਰੇਣੀ ਵਿੱਚ ਉਹ ਵਿਦਿਆਰਥੀ ਦਾਖਲੇ ਦੇ ਯੋਗ ਹੋਣਗੇ, ਜਿਨ੍ਹਾਂ ਨੇ ਅੱਠਵੀਂ ਸ਼੍ਰੇਣੀ ਦੀ ਪ੍ਰੀਖਿਆ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਰਕਾਰੀ/ ਐਫੀਲਿਏਟਿਡ/ਏਡਿਡ ਐਸੋਸੀਏਟਿਡ ਸਕੂਲ ਤੋਂ ਪਾਸ ਕੀਤੀ ਹੋਵੇ ਜਾਂ ਕਿਸੇ ਦੂਸਰੇ ਬੋਰਡ ਤੋਂ (MHRD ਵੱਲੋਂ ਪ੍ਰਵਾਨਿਤ ਬੋਰਡਜ਼ ਤੋਂ (ਬੋਰਡ ਦੀ ਵੈੱਬਸਾਈਟ www.pseb.ac.in ਤੇ ਉਪਲੱਬਧ ਸੂਚੀ ਅਨੁਸਾਰ)ਇਸ ਸ਼੍ਰੇਣੀ ਦੇ ਬਰਾਬਰ ਦੀ ਪ੍ਰੀਖਿਆ ਪਾਸ ਕੀਤੀ ਹੋਵੇ।

3) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪ੍ਰਵਾਨਿਤ ਸੀਟਾਂ/ ਪ੍ਰਵਾਨਿਤ ਗਰੁੱਪ ਅਨੁਸਾਰ ਹੀ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ। ਜਦੋਂ ਵੀ ਸਕੂਲ ਵੱਲੋਂ ਬੋਰਡ ਨਾਲ ਕੋਈ ਪੱਤਰ ਵਿਹਾਰ ਕਰਨਾ ਹੋਵੇ, ਸਕੂਲ ਵੱਲੋਂ ਭੇਜੇ ਗਏ ਪੱਤਰ ਵਿੱਚ ਸ਼ਨਾਖਤੀ ਨੰਬਰ/ਸਕੂਲ ਕੋਡ ਲਿਖਿਆ ਹੋਣਾ ਚਾਹੀਦਾ ਹੈ।

4) ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਵਿੱਚ ਦਰਸਾਈਆਂ ਮਿਤੀਆਂ ਖਤਮ ਹੋਣ ਉਪਰੰਤ ਸਕੂਲ ਮੁਖੀਆਂ ਵੱਲੋਂ ਕਿਸੇ ਵੀ ਵਿਦਿਆਰਥੀ ਨੂੰ ਆਪਣੇ ਪੱਧਰ ਤੇ ਦਾਖਲਾ ਨਾ ਦਿੱਤਾ ਜਾਵੇ।

5) ਜਿਨ੍ਹਾਂ ਵਿਦਿਆਰਥੀਆਂ ਦੀ ਪੰਜਾਬ ਸਕੂਲ ਸਿੱਖਿਆ ਬੋਰਡ ਜਾਂ ਬੋਰਡ ਦੇ ਤੁਲ ਕਿਸੇ ਹੋਰ ਬੋਰਡ ਵੱਲੋਂ ਲਈ ਗਈ ਅੱਠਵੀਂ ਸ਼੍ਰੇਣੀ ਦੀ ਰੈਗੂਲਰ ਪ੍ਰੀਖਿਆ ਵਿੱਚ ਰੀ-ਅਪੀਅਰ ਆਈ ਹੋਵੇ, ਉਹ ਵਿਦਿਆਰਥੀ ਨੌਵੀਂ ਸ਼੍ਰੇਣੀ ਵਿੱਚ ਆਰਜੀ ਦਾਖਲੇ ਦੇ ਯੋਗ ਹੋਣਗੇ।

6) ਕੋਈ ਉਮੀਦਵਾਰ, ਜਿਸ ਦਾ ਅੱਠਵੀਂ ਸ਼੍ਰੇਣੀ ਦਾ ਨਤੀਜਾ ਬੋਰਡ ਵੱਲੋਂ ਕਿਸੇ ਕਾਰਨ ਲੇਟ ਘੋਸ਼ਿਤ ਕੀਤਾ ਗਿਆ ਹੋਵੇ, ਅਜਿਹਾ ਵਿਦਿਆਰਥੀ ਆਪਣਾ ਨਤੀਜਾ ਘੋਸ਼ਿਤ ਹੋਣ ਤੋਂ 15 ਦਿਨਾਂ ਦੇ ਅੰਦਰ, ਲੇਟ ਫੀਸ ਤੋਂ ਬਿਨ੍ਹਾਂ ਦਾਖਲਾ ਲੈ ਸਕਣਗੇ ਅਤੇ ਇਨ੍ਹਾਂ ਵਿਦਿਆਰਥੀਆਂ ਦੀਆਂ ਹਾਜ਼ਰੀਆਂ ਉਸ ਦੇ ਸੰਸਥਾ/ਸਕੂਲ ਵਿੱਚ ਦਾਖਲ ਹੋਣ ਦੀ ਤਰੀਕ ਤੋਂ ਗਿਣੀਆਂ ਜਾਣਗੀਆਂ।

7) **ਹੋਰ ਰਾਜਾਂ/ ਬੋਰਡਾਂ ਤੋਂ ਮਾਈਗ੍ਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦਰਸਾਏ ਦਸਤਾਵੇਜ ਪੇਸ਼ ਕਰਨ ਤੋਂ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ।**

i.. ਜਿਹੜੇ ਵਿਦਿਆਰਥੀਆਂ ਨੇ ਜਿਸ ਕਲਾਸ ਵਿੱਚ ਦਾਖਲਾ ਲੈਣਾ ਹੈ, ਉਸ ਕੋਲੋ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਦੋਵੇਂ ਹੀ ਦਸਤਾਵੇਜ਼ ਲੈ ਕੇ ਮੁੱਖ ਦਫਤਰ ਵਿਖੇ ਪਹੁੰਚਾਏ

ਜਾਣ। ਜਿੰਨ੍ਹਾਂ ਸਕੂਲਾਂ ਵੱਲੋਂ ਇਸ ਸਬੰਧੀ ਪਹਿਲਾਂ ਹੀ ਦੋਵੇਂ ਦਸਤਾਵੇਜ਼ ਭੇਜੇ ਗਏ ਹਨ, ਉਹਨਾਂ ਨੂੰ ਦੁਬਾਰਾ ਭੇਜਣ ਦੀ ਜ਼ਰੂਰਤ ਨਹੀਂ ਹੈ।

ii. ਸਕੂਲ ਮੁਖੀ ਦੁਆਰਾ ਟਰਾਂਸਫਰ ਸਰਟੀਫਿਕੇਟ/ਨਤੀਜਾ ਕਾਰਡ ਕਿਸੇ ਹੋਰ ਅਥਾਰਟੀ ਤੋਂ ਵੈਰੀਫਾਈ ਕਰਵਾਉਣ ਦੀ ਲੋੜ ਨਹੀਂ ਹੋਵੇਗੀ। ਇਸ ਸਬੰਧ ਵਿੱਚ ਸਕੂਲ ਮੁਖੀ ਸੀ.ਬੀ.ਐਸ.ਈ ਜਾਂ ਦੂਜੇ ਰਾਜਾਂ ਦੇ ਬੋਰਡਾਂ ਦੀ ਵੈੱਬਸਾਈਟ ਤੋਂ ਸਕੂਲ ਬਾਰੇ ਵੈਰੀਫਾਈ ਕਰ ਲੈਣ ਕਿ ਸਰਟੀਫਿਕੇਟ ਜਾਰੀ ਕਰਨ ਵਾਲੀ ਸੰਸਥਾ/ ਸਕੂਲ ਬੋਰਡ ਨਾਲ ਐਫੀਲੀਏਟਡ ਹੈ ਜਾਂ ਨਹੀਂ। ਨਾਲ ਹੀ ਸਕੂਲ ਮੁਖੀ ਜਾਂ ਕਲਾਸ ਇੰਚਾਰਜ ਵੈਬਸਾਈਟ ਤੇ ਜਾ ਕੇ ਵੈਰੀਫਾਈ ਕਰਨ ਉਪਰੰਤ ਇਸ ਸਬੰਧ ਵਿੱਚ ਆਪਣੇ ਰਿਕਾਰਡ ਸਬੰਧਤ ਵੇਰਵੇ ਦਰਜ਼ ਕਰ ਦੇਣ।

iii) ਜਿਹੜੇ ਵਿਦਿਆਰਥੀ ਦਾਖਲ ਹੋਣ ਸਮੇਂ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਕਿਸੇ ਵਜ੍ਹਾਂ ਨਾਲ ਨਾ ਦੇ ਸਕਣ, ਤਾਂ ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੋਜੀਜ਼ਨਲ ਦਾਖਲਾ ਦੇ ਦਿੱਤਾ ਜਾਵੇ ਪਰੰਤੂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ ਪਹਿਲਾਂ ਦੋਨੇ ਸਰਟੀਫਿਕੇਟ ਸਬੰਧਤ ਵਿਦਿਆਰਥੀ ਦੁਆਰਾ ਸਕੂਲ ਮੁਖੀ ਨੂੰ ਪੇਸ਼ ਕਰਨਾ ਜਰੂਰੀ ਹੈ।

ਨੋਟ:- **ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ ਬੋਰਡ ਦਫਤਰ ਦੇ ਫੋਨ ਨੰਬਰ 0172-5227180-181 ਤੇ ਦਫਤਰੀ ਕੰਮ-ਕਾਜ ਵਾਲੇ ਦਿਨਾਂ (ਸਵੇਰੇ 9.00 ਵਜੇ ਤੋਂ ਸ਼ਾਮ 5.00ਵਜੇਤੱਕ) ਵਿੱਚ ਸੰਪਰਕ ਕੀਤਾ ਜਾ ਸਕਦਾ ਹੈ।**

22.3.22
ਉਪ ਸਕੱਤਰ (ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ।

## ਸਾਲ/ਸੈਸ਼ਨ 2022-2023 ਲਈ ਦਸਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

1 ਯੋਗਤਾ ਸਬੰਧੀ ਜਿੰਮੇਵਾਰੀ ਨਿਰੋਲ ਸਕੂਲ ਮੁਖੀ ਦੀ ਹੈ। ਇਸ ਲਈ MHRD ਵੱਲੋਂ ਪ੍ਰਵਾਨਿਤ ਬੋਰਡਜ਼ (ਬੋਰਡ ਦੀ ਵੈੱਬਸਾਈਟ www.pseb.ac.in ਤੇ ਉਪਲੱਬਧ ਸੂਚੀ) ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਵਿਦਿਆਰਥੀਆਂ ਦੀ ਯੋਗਤਾ ਯਕੀਨੀ ਬਣਾਏ ਜਾਣ ਲਈ ਆਪਣੀ ਸੰਸਥਾ/ਸਕੂਲ ਵਿੱਚ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਵ ਘੋਖ ਕਰਕੇ ਯੋਗਤਾ ਚੈੱਕ ਕਰੇ, ਤਾਂ ਜੋ ਕੇਵਲ ਯੋਗ ਵਿਦਿਆਰਥੀ ਹੀ ਦਾਖਲ ਹੋ ਸਕਣ। ਦਸਵੀਂ ਸ਼੍ਰੇਣੀ ਦੀ ਰਿਟਰਨ ਵਿੱਚ ਸਬੰਧਤ ਕਮੇਟੀ ਦੇ ਹਸਤਾਖਰ ਕਰਵਾ ਕੇ ਸਕੂਲ ਦੇ ਰਿਕਾਰਡ ਵਿੱਚ ਰੱਖ ਲਈ ਜਾਵੇ।

2. ਦਸਵੀਂ ਸ਼੍ਰੇਣੀ ਵਿੱਚ ਉਹ ਵਿਦਿਆਰਥੀ ਹੀ ਦਾਖਲੇ ਦੇ ਯੋਗ ਹੋਣਗੇ, ਜਿਨ੍ਹਾਂ ਨੇ ਨੌਵੀਂ ਸ਼੍ਰੇਣੀ ਦੀ ਪ੍ਰੀਖਿਆ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਕੂਲ ਤੋਂ ਪਾਸ ਕੀਤੀ ਹੋਵੇ। ਜਦੋਂ ਵੀ ਸਕੂਲ ਵੱਲੋਂ ਬੋਰਡ ਨਾਲ ਕੋਈ ਪੱਤਰ ਵਿਹਾਰ ਕਰਨਾ ਹੋਵੇ, ਸਕੂਲ ਵੱਲੋਂ ਭੇਜੇ ਗਏ ਪੱਤਰ ਵਿੱਚ ਸ਼ਨਾਖਤੀ ਨੰਬਰ/ਸਕੂਲ ਕੋਡ ਲਿਖਿਆ ਹੋਣਾ ਚਾਹੀਦਾ ਹੈ।

3. ਬੋਰਡ ਜਾਂ ਬੋਰਡ ਦੇ ਤੁਲ ਕਿਸੇ ਦੂਜੇ ਬੋਰਡ ਤੋਂ ਦਸਵੀਂ ਸ਼੍ਰੇਣੀ ਵਿੱਚ ਕੇਵਲ ਰੈਗੂਲਰ ਵਿਦਿਆਰਥੀ ਜਿਨ੍ਹਾਂ ਦਾ ਨਤੀਜਾ ਫੇਲ੍ਹ ਘੋਸ਼ਿਤ ਹੋਇਆ ਹੋਵੇ, ਉਹ ਵਿਦਿਆਰਥੀ ਦਸਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਹੋਣਗੇ।

4. **ਪਿਛਲੇ ਸਾਲਾਂ ਦੌਰਾਨ** ਜਿਨ੍ਹਾਂ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਜਾਂ ਬੋਰਡ ਦੇ ਤੁਲ ਕਿਸੇ ਹੋਰ ਬੋਰਡ ਤੋਂ ਨੌਵੀਂ ਸ਼੍ਰੇਣੀ ਰੈਗੂਲਰ ਤੌਰ ਤੇ ਪਾਸ ਕੀਤੀ ਹੋਵੇ, ਉਹ ਪ੍ਰੀਖਿਆਰਥੀ ਵੀ ਦਸਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਹੋਣਗੇ।

5. ਜੇ ਕੋਈ ਰੈਗੂਲਰ ਵਿਦਿਆਰਥੀ ਦਸਵੀਂ ਸ਼੍ਰੇਣੀ ਪ੍ਰੀਖਿਆ ਦੀ ਕੰਪਾਰਟਮੈਂਟ/ ਮੁੜ ਪ੍ਰੀਖਿਆ ਅਧੀਨ ਰੱਖਿਆ ਗਿਆ ਹੈ, ਕੰਪਾਰਟਮੈਂਟ/ਮੁੜ ਪ੍ਰੀਖਿਆ ਦਾ ਲਾਭ ਨਹੀਂ ਲੈਣਾ ਚਾਹੁੰਦਾ ਅਤੇ ਮੁੜ ਦਸਵੀਂ ਸ਼੍ਰੇਣੀ ਵਿੱਚ ਦਾਖਲਾ ਲੈਣਾ ਚਾਹੁੰਦਾ ਹੈ ਤਾਂ ਉਹ ਪ੍ਰੀਖਿਆਰਥੀ ਦਸਵੀਂ ਸ਼੍ਰੇਣੀ ਸਲਾਨਾ ਪ੍ਰੀਖਿਆ ਦਾ ਨਤੀਜਾ ਘੋਸ਼ਿਤ ਹੋਣ ਉਪਰੰਤ ਦਾਖਲੇ ਦੀ ਅੰਤਿਮ ਮਿਤੀ ਤੱਕ ਆਪਣਾ ਪੂਰਬਲਾ ਨਤੀਜਾ ਬੋਰਡ ਦੀ ਸਬੰਧਤ ਪ੍ਰੀਖਿਆ ਸ਼ਾਖਾ ਤੋਂ ਰੱਦ ਕਰਵਾਉਣ ਉਪਰੰਤ ਇਸ ਸਬੰਧੀ ਸਵੈ-ਘੋਸ਼ਣਾ ਪੱਤਰ ਦੇ ਕੇ ਮੁੜ ਦਸਵੀਂ ਸ਼੍ਰੇਣੀ ਵਿੱਚ ਦਾਖਲਾ ਲੈ ਸਕੇਗਾ।

6. ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪ੍ਰਵਾਨਿਤ ਸੀਟਾਂ/ ਪ੍ਰਵਾਨਿਤ ਗਰੁੱਪ ਅਨੁਸਾਰ ਹੀ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ।

7. ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਵਿੱਚ ਦਰਸਾਈਆਂ ਮਿਤੀਆਂ ਖਤਮ ਹੋਣ ਉਪਰੰਤ ਸਕੂਲ ਮੁਖੀ ਵੱਲੋਂ ਕਿਸੇ ਵੀ ਵਿਦਿਆਰਥੀ ਨੂੰ ਆਪਣੇ ਪੱਧਰ ਤੇ ਦਾਖਲਾ ਨਾ ਦਿੱਤਾ ਜਾਵੇ।

8. ਹੋਰ ਰਾਜ/ਬੋਰਡ ਤੋਂ ਮਾਈਗਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀਹੇਠਾਂ ਦਰਸਾਏ ਦਸਤਾਵੇਜ ਪੇਸ਼ ਕਰਨ ਤੇ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ: -

i. ਜਿਹੜੇ ਵਿਦਿਆਰਥੀਆਂ ਨੇ ਜਿਸ ਕਲਾਸ ਵਿੱਚ ਦਾਖਲਾ ਲੈਣਾ ਹੈ, ਉਸ ਕੋਲੋ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਦੋਵੇਂ ਹੀ ਦਸਤਾਵੇਜ਼ ਲੈ ਕੇ ਮੁੱਖ ਦਫਤਰ ਵਿਖੇ ਪਹੁੰਚਾਏ ਜਾਣ। ਜਿੰਨ੍ਹਾਂ ਸਕੂਲਾਂ ਵੱਲੋਂ ਇਸ ਸਬੰਧੀ ਪਹਿਲਾਂ ਹੀ ਦੋਵੇਂ ਦਸਤਾਵੇਜ਼ ਭੇਜੇ ਗਏ ਹਨ, ਉਹਨਾਂ ਨੂੰ ਦੁਬਾਰਾ ਭੇਜਣ ਦੀ ਜ਼ਰੂਰਤ ਨਹੀਂ ਹੈ।

ii. ਸਕੂਲ ਮੁਖੀ ਦੁਆਰਾ ਟਰਾਂਸਫਰ ਸਰਟੀਫਿਕੇਟ/ਨਤੀਜਾ ਕਾਰਡ ਕਿਸੇ ਹੋਰ ਅਧਾਰਟੀ ਤੋਂ ਵੈਰੀਫਾਈ ਕਰਵਾਉਣ ਦੀ ਲੋੜ ਨਹੀਂ ਹੋਵੇਗੀ। ਇਸ ਸਬੰਧ ਵਿੱਚ ਸਕੂਲ ਮੁਖੀ ਸੀ.ਬੀ.ਐਸ.ਈ ਜਾਂ ਦੂਜੇ ਰਾਜਾਂ ਦੇ ਬੋਰਡਾਂ

ਦੀ ਵੈੱਬਸਾਈਟ ਤੋਂ ਸਕੂਲ ਬਾਰੇ ਵੈਰੀਫਾਈ ਕਰ ਲੈਣ ਕਿ ਸਰਟੀਫਿਕੇਟ ਜਾਰੀ ਕਰਨ ਵਾਲੀ ਸੰਸਥਾ/ ਸਕੂਲ ਬੋਰਡ ਨਾਲ ਐਫੀਲੀਏਟਡ ਹੈ ਜਾਂ ਨਹੀ। ਨਾਲ ਹੀ ਸਕੂਲ ਮੁਖੀ ਜਾਂ ਕਲਾਸ ਇੰਚਾਰਜ ਵੈਬਸਾਈਟ ਤੇ ਜਾ ਕੇ ਵੈਰੀਫਾਈ ਕਰਨ ਉਪਰੰਤ ਇਸ ਸਬੰਧ ਵਿੱਚ ਆਪਣੇ ਰਿਕਾਰਡ ਸਬੰਧਤ ਵੇਰਵੇ ਦਰਜ਼ ਕਰ ਦੇਣ।

iii) ਜਿਹੜੇ ਵਿਦਿਆਰਥੀ ਦਾਖਲ ਹੋਣ ਸਮੇਂ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਕਿਸੇ ਵਜ੍ਹਾਂ ਨਾਲ ਨਾ ਦੇ ਸਕਣ, ਤਾਂ ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੋਜੀਜ਼ਨਲ ਦਾਖਲਾ ਦੇ ਦਿੱਤਾ ਜਾਵੇ ਪਰੰਤੂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ ਪਹਿਲਾਂ ਦੋਨੋ ਸਰਟੀਫਿਕੇਟ ਸਬੰਧਤ ਵਿਦਿਆਰਥੀ ਦੁਆਰਾ ਸਕੂਲ ਮੁਖੀ ਨੂੰ ਪੇਸ਼ ਕਰਨਾ ਜਰੂਰੀ ਹੈ।

**ਨੋਟ:- ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ ਬੋਰਡ ਦਫਤਰ ਦੇ ਫੋਨ ਨੰਬਰ 0172-5227180-181 ਤੇ ਦਫਤਰੀ ਕੰਮ-ਕਾਜ ਵਾਲੇ ਦਿਨਾਂ (ਸਵੇਰੇ 9.00 ਵਜੇ ਤੋਂ ਸ਼ਾਮ 5.00ਵਜੇਤੱਕ) ਵਿੱਚ ਸੰਪਰਕ ਕੀਤਾ ਜਾ ਸਕਦਾ ਹੈ।**

22.3.22

ਉਪ ਸਕੱਤਰ (ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ।

## ਸਾਲ/ਸੈਸ਼ਨ 2022-2023 ਲਈ ਗਿਆਰ੍ਹਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

ਵਿਸ਼ੇਸ ਨੋਟ:- ਦਾਖਲੇ ਸਬੰਧੀ ਦਸਵੀਂ ਦੇ ਨਤੀਜੇ ਆਉਣ ਦੀ ਉਡੀਕ ਨਾ ਕੀਤੀ ਜਾਵੇ ਅਤੇ ਦਾਖਲਾ ਸ਼ਡਿਊਲ ਅਨੁਸਾਰ ਆਰਜ਼ੀ ਤੌਰ ਤੇ ਦਾਖਲੇ ਕੀਤੇ ਜਾਣ।

1. ਯੋਗਤਾ ਸਬੰਧੀ ਨਿਰੋਲ ਜ਼ਿੰਮੇਵਾਰੀ ਸਕੂਲ ਮੁਖੀ ਦੀ ਹੈ। ਇਸ ਲਈ ਬੋਰਡ ਦੀ ਵੈੱਬਸਾਈਟ **www.pseb.ac.in** ਤੇ ਉਪਲੱਬਧ **MHRD** ਵੱਲੋਂ ਜਾਰੀ ਪ੍ਰਵਾਨਿਤ ਬੋਰਡਜ਼ ਦੀ ਸੂਚੀ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਆਪਣੀ ਸੰਸਥਾ ਵਿੱਚ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਵ ਘੋਖ ਕਰਕੇ ਯੋਗਤਾ ਚੈੱਕ ਕਰੇ, ਤਾਂ ਜੋ ਕੇਵਲ ਯੋਗ ਵਿਦਿਆਰਥੀ ਹੀ ਦਾਖਲ ਹੋ ਸਕਣ। ਗਿਆਰ੍ਹਵੀਂ ਸ਼੍ਰੇਣੀ ਦੀ ਰਿਟਰਨ ਵਿੱਚ ਸਬੰਧਤ ਕਮੇਟੀ ਦੇ ਹਸਤਾਖਰ ਕਰਵਾ ਕੇ ਸਕੂਲ ਦੇ ਰਿਕਾਰਡ ਵਿੱਚ ਰੱਖ ਲਈ ਜਾਵੇ।

2. ਜਿਸ ਵਿਦਿਆਰਥੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਪ੍ਰੀਖਿਆ ਪਾਸ ਕੀਤੀ ਹੋਵੇ ਜਾਂ ਕਿਸੇ ਦੂਸਰੇ ਬੋਰਡਾਂ ਤੋਂ (ਪੰਜਾਬ ਸਕੂਲ ਸਿੱਖਿਆ ਬੋਰਡ ਦੀ www.pseb.ac.in ਤੇ ਉਪਲੱਬਧ MHRD ਵੱਲੋਂ ਜਾਰੀ ਪ੍ਰਵਾਨਿਤ ਬੋਰਡਜ਼/ ਬੋਰਡਾਂ ਦੀ ਸੂਚੀ ਅਧੀਨ) ਇਸ ਦੇ ਬਰਾਬਰ ਦੀ ਪ੍ਰੀਖਿਆ ਪਾਸ ਕੀਤੀ ਹੋਵੇ।

3. ਜਿਨ੍ਹਾਂ ਵਿਦਿਆਰਥੀਆਂ ਦੀ ਪੰਜਾਬ ਸਕੂਲ ਸਿੱਖਿਆ ਬੋਰਡ ਜਾਂ ਬੋਰਡ ਦੇ ਤੁਲ ਕਿਸੇ ਹੋਰ ਬੋਰਡ ਵੱਲੋਂ ਲਈ ਗਈ ਦਸਵੀਂ ਸ਼੍ਰੇਣੀ ਦੀ ਰੈਗੂਲਰ ਪ੍ਰੀਖਿਆ ਵਿੱਚ ਰੀ-ਅਪੀਅਰ ਆਈ ਹੋਵੇ, ਉਹ ਵਿਦਿਆਰਥੀ ਗਿਆਰ੍ਹਵੀਂ ਸ਼੍ਰੇਣੀ ਵਿੱਚ ਆਰਜੀ ਦਾਖਲੇ ਦੇ ਯੋਗ ਹੋਣਗੇ।

4. ਕੋਈ ਉਮੀਦਵਾਰ, ਜਿਸ ਦਾ ਮੈਟ੍ਰਿਕੁਲੇਸ਼ਨ ਨਤੀਜਾ ਬੋਰਡ ਵੱਲੋਂ ਲੇਟ ਐਲਾਨ ਕੀਤਾ ਗਿਆ, ਉਹ ਆਪਣੇ ਨਤੀਜੇ ਦਾ ਐਲਾਨ ਕੀਤੇ ਜਾਣ ਪਿੱਛੋਂ 15 ਦਿਨਾਂ ਦੇ ਅੰਦਰ, ਲੇਟ ਫੀਸ ਤੋਂ ਬਿਨਾਂ ਦਾਖਲਾ ਲੈ ਸਕੇਗਾ ਅਤੇ ਉਸ ਉਮੀਦਵਾਰ ਦੀਆਂ ਹਾਜ਼ਰੀਆਂ ਉਸ ਦੇ ਸੰਸਥਾ ਵਿੱਚ ਦਾਖਲ ਹੋਣ ਦੀ ਤਰੀਕ ਤੋਂ ਗਿਣੀਆਂ ਜਾਣਗੀਆਂ।

5. ਕਿਸੇ ਵੀ ਬੋਰਡ/ਸਮੂਹ ਨੈਸ਼ਨਲ ਓਪਨ ਸਕੂਲ, ਜਿਸ ਦੀ ਦਸਵੀਂ ਸ਼੍ਰੇਣੀ ਦੀ ਪ੍ਰੀਖਿਆ, ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਸ਼੍ਰੇਣੀ ਦੀ ਪ੍ਰੀਖਿਆ ਦੇ ਬਰਾਬਰ ਮੰਨੀ ਜਾਂਦੀ ਹੋਵੇ, ਦੇ ਕੰਪਾਰਮੈਂਟ/ਰੀ-ਅਪੀਅਰ ਦੇ ਵਿਦਿਆਰਥੀ ਰਾਜ ਦੇ ਸਰਕਾਰੀ/ ਏਡਿਡ/ਐਸੋਸੀਏਟਿਡ/ਐਫੀਲਿਏਟਿਡ਼ ਸਕੂਲਾਂ ਵਿੱਚ ਗਿਆਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਵਿਦਿਆਰਥੀ ਵੱਜੋਂ ਦਾਖਲਾ ਲੈਣ ਦੇ ਯੋਗ ਹੋਣਗੇ, ਬਸ਼ਰਤੇ ਕਿ ਉਹ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਰਤਮਾਨ ਵਿਨਿਯਮਾਂ ਅਨੁਸਾਰ ਮੈਟ੍ਰਿਕ ਪ੍ਰੀਖਿਆ ਪਿਛਲੇ ਦੋ ਮੌਕਿਆਂ ਵਿੱਚ ਪਾਸ ਕਰ ਲੈਂਦੇ ਹਨ।

6. ਬੋਰਡ ਵੱਲੋਂ ਪ੍ਰਵਾਨਿਤ ਸੀਟਾਂ/ਪ੍ਰਵਾਨਿਤ ਗਰੁੱਪ ਅਨੁਸਾਰ ਹੀ ਵਿਦਿਆਰਥੀ ਨੂੰ ਦਾਖਲਾ ਦਿੱਤਾ ਜਾਵੇ।

7. ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਤੋਂ ਬਾਅਦ ਸਕੂਲ ਮੁੱਖੀਆਂ ਵੱਲੋਂ ਆਪਣੇ ਪੱਧਰ ਤੇ ਕਿਸੇ ਵੀ ਵਿਦਿਆਰਥੀ ਨੂੰ ਦਾਖਲਾ ਨਾ ਦਿੱਤਾ ਜਾਵੇ।

8. **ਹੋਰ ਰਾਜ / ਬੋਰਡ ਤੋਂ ਮਾਈਗਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦਰਸਾਏ ਦਸਤਾਵੇਜ਼ ਪੇਸ਼ ਕਰਨ ਤੇ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ:-**

i. ਜਿਹੜੇ ਵਿਦਿਆਰਥੀਆਂ ਨੇ ਜਿਸ ਕਲਾਸ ਵਿੱਚ ਦਾਖਲਾ ਲੈਣਾ ਹੈ, ਉਸ ਕੋਲੋ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਦੋਵੇਂ ਹੀ ਦਸਤਾਵੇਜ਼ ਲੈ ਕੇ ਮੁੱਖ ਦਫਤਰ ਵਿਖੇ ਪਹੁੰਚਾਏ ਜਾਣ। ਜਿੰਨ੍ਹਾਂ ਸਕੂਲਾਂ ਵੱਲੋਂ ਇਸ ਸਬੰਧੀ ਪਹਿਲਾਂ ਹੀ ਦੋਵੇਂ ਦਸਤਾਵੇਜ਼ ਭੇਜੇ ਗਏ ਹਨ, ਉਹਨਾਂ ਨੂੰ ਦੁਬਾਰਾ ਭੇਜਣ ਦੀ ਜ਼ਰੂਰਤ ਨਹੀਂ ਹੈ।

ii. ਸਕੂਲ ਮੁਖੀ ਦੁਆਰਾ ਟਰਾਂਸਫਰ ਸਰਟੀਫਿਕੇਟ/ਨਤੀਜਾ ਕਾਰਡ ਕਿਸੇ ਹੋਰ ਅਥਾਰਟੀ ਤੋਂ ਵੈਰੀਫਾਈ ਕਰਵਾਉਣ ਦੀ ਲੋੜ ਨਹੀਂ ਹੋਵੇਗੀ। ਇਸ ਸਬੰਧ ਵਿੱਚ ਸਕੂਲ ਮੁਖੀ ਸੀ.ਬੀ.ਐਸ.ਈ ਜਾਂ ਦੂਜੇ ਰਾਜਾਂ ਦੇ ਬੋਰਡਾਂ ਦੀ ਵੈੱਬਸਾਈਟ ਤੋਂ ਸਕੂਲ ਬਾਰੇ ਵੈਰੀਫਾਈ ਕਰ ਲੈਣ ਕਿ ਸਰਟੀਫਿਕੇਟ ਜਾਰੀ ਕਰਨ ਵਾਲੀ ਸੰਸਥਾ/ ਸਕੂਲ ਬੋਰਡ ਨਾਲ ਐਫੀਲੀਏਟਡ ਹੈ ਜਾਂ ਨਹੀਂ। ਨਾਲ ਹੀ ਸਕੂਲ ਮੁਖੀ ਜਾਂ ਕਲਾਸ ਇੰਚਾਰਜ ਵੈਬਸਾਈਟ ਤੇ ਜਾ ਕੇ ਵੈਰੀਫਾਈ ਕਰਨ ਉਪਰੰਤ ਇਸ ਸਬੰਧ ਵਿੱਚ ਆਪਣੇ ਰਿਕਾਰਡ ਸਬੰਧਤ ਵੇਰਵੇ ਦਰਜ਼ ਕਰ ਦੇਣ।

iii) ਜਿਹੜੇ ਵਿਦਿਆਰਥੀ ਦਾਖਲ ਹੋਣ ਸਮੇਂ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਕਿਸੇ ਵਜ੍ਹਾ ਨਾਲ ਨਾ ਦੇ ਸਕਣ, ਤਾਂ ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੋਵੀਜ਼ਨਲ ਦਾਖਲਾ ਦੇ ਦਿੱਤਾ ਜਾਵੇ ਪਰੰਤੂ ਸਾਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ ਪਹਿਲਾਂ ਦੋਨੋ ਸਰਟੀਫਿਕੇਟ ਸਬੰਧਤ ਵਿਦਿਆਰਥੀ ਦੁਆਰਾ ਸਕੂਲ ਮੁਖੀ ਨੂੰ ਪੇਸ਼ ਕਰਨਾ ਜਰੂਰੀ ਹੈ।

## ਗਰੁੱਪ ਬਦਲਣ ਸਬੰਧੀ ਨਿਯਮ

ਸੰਸਥਾ ਦਾ ਮੁੱਖੀ ਦਾਖਲੇ ਦੀ ਤਰੀਕ ਤੋਂ ਪਿੱਛੋਂ ਇੱਕ ਮਹੀਨੇ ਦੇ ਅੰਦਰ ਵਿਸ਼ੇ/ਗਰੁੱਪ ਵਿੱਚ ਬਦਲੀ ਦੀ ਇਜਾਜ਼ਤ ਦੇ ਸਕੇਗਾ।

ਨੋਟ:- **ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ ਬੋਰਡ ਦਫਤਰ ਦੇ ਫੋਨ ਨੰਬਰ 0172-5227180-181 ਤੇ ਦਫਤਰੀ ਕੰਮ-ਕਾਜ ਵਾਲੇ ਦਿਨਾਂ (ਸਵੇਰੇ 9.00 ਵਜੇ ਤੋਂ ਸ਼ਾਮ 5.00 ਵਜੇ ਤੱਕ) ਵਿੱਚ ਸੰਪਰਕ ਕੀਤਾ ਜਾ ਸਕਦਾ ਹੈ।**

22.3.22

ਉਪ ਸਕੱਤਰ (ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ

## ਸਾਲ /ਸੈਸ਼ਨ 2022-2023 ਲਈ ਬਾਰ੍ਹਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

1 ਯੋਗਤਾ ਸਬੰਧੀ ਨਿਰੋਲ ਜ਼ਿੰਮੇਵਾਰੀ ਸਕੂਲ ਮੁਖੀ ਦੀ ਹੈ। ਇਸ ਲਈ ਬੋਰਡ ਦੀ ਵੈਬਸਾਈਟ www.pseb.ac.in ਤੇ ਉਪਲੱਬਧ MHRD ਵੱਲੋਂ ਜਾਰੀ ਪ੍ਰਵਾਨਿਤ ਬੋਰਡਜ਼ ਦੀ ਸੂਚੀ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਆਪਣੀ ਸੰਸਥਾ ਵਿੱਚ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਵ ਘੋਖ ਕਰਕੇ ਯੋਗਤਾ ਚੈੱਕ ਕਰੇ, ਤਾਂ ਜੋ ਕੇਵਲ ਯੋਗ ਵਿਦਿਆਰਥੀ ਹੀ ਦਾਖਲ ਹੋ ਸਕਣ।ਬਾਰਵੀਂ ਸ਼੍ਰੇਣੀ ਦੀ ਰਿਟਰਨ ਵਿੱਚ ਸਬੰਧਤ ਕਮੇਟੀ ਦੇ ਹਸਤਾਖਰ ਕਰਵਾ ਕੇ ਸਕੂਲ ਦੇ ਰਿਕਾਰਡ ਵਿੱਚ ਰੱਖ ਲਈ ਜਾਵੇ।

2 ਜਿਸ ਵਿਦਿਆਰਥੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ/ਸਰਕਾਰੀ/ਏਡਿਡ/ਐਸੋਸੀਏਟਿਡ ਸਕੂਲ ਤੋਂ ਗਿਆਰ੍ਹਵੀਂ ਸ਼੍ਰੇਣੀ ਜਾਂ ਇਸ ਦੇ ਬਰਾਬਰ ਦੀ ਪ੍ਰੀਖਿਆ ਪਾਸ ਕੀਤੀ ਹੋਵੇ।

3 ਪੰਜਾਬ ਸਕੂਲ ਸਿੱਖਿਆ ਬੋਰਡ ਜਾਂ ਬੋਰਡ ਦੇ ਤੁਲ ਕਿਸੇ ਹੋਰ ਬੋਰਡ ਤੋਂ ਬਾਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਵਿਦਿਆਰਥੀ ਜਿਨਾਂ ਦਾ ਨਤੀਜਾ ਫੇਲ ਘੋਸ਼ਿਤ ਹੋਇਆ ਹੋਵੇ, ਉਹ ਵਿਦਿਆਰਥੀ ਬਾਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਹੋਣਗੇ।

4 ਪਿਛਲੇ ਸਾਲਾਂ ਦੌਰਾਨ ਜਿਨ੍ਹਾਂ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਜਾਂ ਬੋਰਡ ਦੇ ਤੁਲ ਕਿਸੇ ਹੋਰ ਬੋਰਡ ਤੋਂ ਗਿਆਰ੍ਹਵੀਂ ਸ਼੍ਰੇਣੀ ਰੈਗੂਲਰ ਤੌਰ ਤੇ ਪਾਸ ਕੀਤੀ ਹੋਵੇ, ਉਹ ਪ੍ਰੀਖਿਆਰਥੀ ਬਾਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਹੋਣਗੇ।

5 ਜੇ ਕੋਈ ਰੈਗੂਲਰ ਉਮੀਦਵਾਰ ਬਾਰ੍ਹਵੀਂ ਸ਼੍ਰੇਣੀ ਸਬੰਧੀ ਪ੍ਰੀਖਿਆ ਦੀ ਕੰਪਾਰਟਮੈਂਟ/ਮੁੜ ਪ੍ਰੀਖਿਆ ਅਧੀਨ ਰੱਖਿਆ ਗਿਆ ਹੈ, ਕੰਪਾਰਟਮੈਂਟ/ਮੁੜ ਪ੍ਰੀਖਿਆ ਦਾ ਲਾਭ ਨਹੀਂ ਲੈਣਾ ਚਾਹੁੰਦਾ ਅਤੇ ਮੁੜ ਬਾਰ੍ਹਵੀਂ ਸ਼੍ਰੇਣੀ ਵਿੱਚ ਦਾਖਲਾ ਲੈਣਾ ਚਾਹੁੰਦਾ ਹੈ ਤਾਂ ਉਹ ਪ੍ਰੀਖਿਆਰਥੀ ਬਾਰ੍ਹਵੀਂ ਸ਼੍ਰੇਣੀ ਸਾਲਾਨਾ ਪ੍ਰੀਖਿਆ ਦਾ ਨਤੀਜਾ ਘੋਸ਼ਿਤ ਹੋਣ ਉਪਰੰਤ ਦਾਖਲੇ ਦੀ ਅੰਤਿਮ ਮਿਤੀ ਤੱਕ ਆਪਣਾ ਪੂਰਬਲਾ ਨਤੀਜਾ ਬੋਰਡ ਦੀ ਸਬੰਧਤ ਪ੍ਰੀਖਿਆ ਸ਼ਾਖਾ ਤੋਂ ਰੱਦ ਕਰਵਾਉਣ ਉਪਰੰਤ ਇਸ ਸਬੰਧੀ ਸਵੈ-ਘੋਸ਼ਣਾ ਪੱਤਰ ਦੇ ਕੇ ਮੁੜ ਦਾਖਲਾ ਲੈ ਸਕੇਗਾ।

6 ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਤੋਂ ਬਾਅਦ ਸਕੂਲ ਮੁੱਖੀਆਂ ਵੱਲੋਂ ਆਪਣੇ ਪੱਧਰ ਤੇ ਕਿਸੇ ਵਿਦਿਆਰਥੀ ਨੂੰ ਦਾਖਲਾ ਨਾ ਦਿੱਤਾ ਜਾਵੇ।

7 ਬੋਰਡ ਵੱਲੋਂ ਪ੍ਰਵਾਨਿਤ ਸੀਟਾਂ/ ਪ੍ਰਵਾਨਿਤ ਗਰੁੱਪ ਅਨੁਸਾਰ ਹੀ ਵਿਦਿਆਰਥੀ ਨੂੰ ਦਾਖਲਾ ਦਿੱਤਾ ਜਾਵੇ।

8 ਪੁਰਾਣੇ ਸਿਸਟਮ ਅਧੀਨ ਪਾਸ ਕੀਤੀ ਹਾਇਰ ਸੈਕੰਡਰੀ (XI) ਹੁਣ ਦੇ ਸਿਸਟਮ ਦੇ ਗਿਆਰ੍ਹਵੀਂ ਸ਼੍ਰੇਣੀ ਦੇ ਬਰਾਬਰ ਹੈ, ਪਰੰਤੂ ਹਾਇਰ ਸੈਕੰਡਰੀ (XI) ਪਾਸ ਵਿਦਿਆਰਥੀਆਂ ਨੂੰ ਮੌਜੂਦਾ ਸਿੱਖਿਆ ਪ੍ਰਣਾਲੀ ਅਧੀਨ ਬਾਰ੍ਹਵੀਂ ਸ਼੍ਰੇਣੀ ਪਾਸ ਕਰਨ ਲਈ ਗਿਆਰ੍ਹਵੀਂ ਅਤੇ ਬਾਰ੍ਹਵੀਂ ਦੋਵੇਂ ਸ਼੍ਰੇਣੀਆਂ ਪਾਸ ਕਰਨੀਆਂ ਲਾਜ਼ਮੀ ਹੋਣਗੀਆਂ ਕਿਉਂਕਿ ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਇੱਕ

integrated ਕੋਰਸ ਹੈ, ਹਾਇਰ ਸੈਕੰਡਰੀ ਪਾਸ ਕਰਨ ਉਪਰੰਤ ਹੁਣ ਸਿੱਧਾ ਬਾਰ੍ਹਵੀਂ ਸ਼੍ਰੇਣੀ ਵਿੱਚ ਦਾਖਲਾ ਨਹੀਂ ਦਿੱਤਾ ਜਾਵੇਗਾ।

9. **ਹੋਰ ਰਾਜ/ਬੋਰਡ ਤੋਂ ਮਾਈਗਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦਰਸਾਏ ਦਸਤਾਵੇਜ਼ ਪੇਸ਼ ਕਰਨ ਤੇ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ।**

i. ਜਿਹੜੇ ਵਿਦਿਆਰਥੀਆਂ ਨੇ ਜਿਸ ਕਲਾਸ ਵਿੱਚ ਦਾਖਲਾ ਲੈਣਾ ਹੈ, ਉਸ ਕੋਲੋ ਹੇਠਲੀ ਸ਼੍ਰੇਣੀ ਪਾਸ ਹੋਣ ਦਾ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਦੋਵੇਂ ਹੀ ਦਸਤਾਵੇਜ਼ ਲੈ ਕੇ ਮੁੱਖ ਦਫ਼ਤਰ ਵਿਖੇ ਪਹੁੰਚਾਏ ਜਾਣ। ਜਿੰਨ੍ਹਾਂ ਸਕੂਲਾਂ ਵੱਲੋਂ ਇਸ ਸਬੰਧੀ ਪਹਿਲਾਂ ਹੀ ਦੋਵੇਂ ਦਸਤਾਵੇਜ਼ ਭੇਜੇ ਗਏ ਹਨ, ਉਹਨਾਂ ਨੂੰ ਦੁਬਾਰਾ ਭੇਜਣ ਦੀ ਜ਼ਰੂਰਤ ਨਹੀਂ ਹੈ।

ii. ਸਕੂਲ ਮੁਖੀ ਦੁਆਰਾ ਟਰਾਂਸਫਰ ਸਰਟੀਫਿਕੇਟ/ਨਤੀਜਾ ਕਾਰਡ ਕਿਸੇ ਹੋਰ ਅਥਾਰਟੀ ਤੋਂ ਵੈਰੀਫਾਈ ਕਰਵਾਉਣ ਦੀ ਲੋੜ ਨਹੀਂ ਹੋਵੇਗੀ। ਇਸ ਸਬੰਧ ਵਿੱਚ ਸਕੂਲ ਮੁਖੀ ਸੀ.ਬੀ.ਐਸ.ਈ ਜਾਂ ਦੂਜੇ ਰਾਜਾਂ ਦੇ ਬੋਰਡਾਂ ਦੀ ਵੈੱਬਸਾਈਟ ਤੋਂ ਸਕੂਲ ਬਾਰੇ ਵੈਰੀਫਾਈ ਕਰ ਲੈਣ ਕਿ ਸਰਟੀਫਿਕੇਟ ਜਾਰੀ ਕਰਨ ਵਾਲੀ ਸੰਸਥਾ/ ਸਕੂਲ ਬੋਰਡ ਨਾਲ ਐਫੀਲੀਏਟਡ ਹੈ ਜਾਂ ਨਹੀਂ। ਨਾਲ ਹੀ ਸਕੂਲ ਮੁਖੀ ਜਾਂ ਕਲਾਸ ਇੰਚਾਰਜ ਵੈਬਸਾਈਟ ਤੇ ਜਾ ਕੇ ਵੈਰੀਫਾਈ ਕਰਨ ਉਪਰੰਤ ਇਸ ਸਬੰਧ ਵਿੱਚ ਆਪਣੇ ਰਿਕਾਰਡ ਸਬੰਧਤ ਵੇਰਵੇ ਦਰਜ਼ ਕਰ ਦੇਣ।

iii. ਜਿਹੜੇ ਵਿਦਿਆਰਥੀ ਦਾਖਲ ਹੋਣ ਸਮੇਂ ਨਤੀਜਾ ਕਾਰਡ ਅਤੇ ਟਰਾਂਸਫਰ ਸਰਟੀਫਿਕੇਟ ਕਿਸੇ ਵਜ੍ਹਾ ਨਾਲ ਨਾ ਦੇ ਸਕਣ, ਤਾਂ ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੋਵੀਜ਼ਨਲ ਦਾਖਲਾ ਦੇ ਦਿੱਤਾ ਜਾਵੇ ਪਰੰਤੂ ਸਾਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ ਪਹਿਲਾਂ ਦੋਨੇ ਸਰਟੀਫਿਕੇਟ ਸਬੰਧਤ ਵਿਦਿਆਰਥੀ ਦੁਆਰਾ ਸਕੂਲ ਮੁਖੀ ਨੂੰ ਪੇਸ਼ ਕਰਨਾ ਜਰੂਰੀ ਹੈ।

iv. ਉਹ ਵਿਦਿਆਰਥੀ ਜਿਨ੍ਹਾਂ ਨੇ ਸਕੂਲ ਪੱਧਰ ਦੀ ਪੜ੍ਹਾਈ ਕਿਸੇ ਬਾਹਰਲੇ ਦੇਸ਼ ਤੋਂ ਕੀਤੀ ਹੋਵੇ ਅਤੇ ਅਗਲੇਰੀ ਪੜ੍ਹਾਈ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਕਰਨਾ ਚਾਹੁੰਦੇ ਹੋਣ ਜਾਂ, +2 ਪਰੀਖਿਆ ਪਾਸ ਕਰਨ ਉਪਰੰਤ ਦੂਜੀਆਂ ਸੰਸਥਾਵਾਂ ਦੇ ਵੱਖ ਵੱਖ ਕੋਰਸਾਂ ਵਿੱਚ ਦਾਖਲੇ ਲੈਣਾ ਚਾਹੁੰਦੇ ਹੋਣ। ਇਨ੍ਹਾਂ ਵਿਦਿਆਰਥੀਆਂ ਨੂੰ AIU ਤੋਂ ਪ੍ਰਾਪਤ ਸਮਾਨਤਾ ਪੱਤਰ ਮੁਹੱਈਆ ਕਰਵਾਉਣ ਉਪਰੰਤ ਹੀ ਬੋਰਡ ਵੱਲੋਂ ਸਮਾਨਤਾ ਪੱਤਰ ਜਾਰੀ ਕੀਤਾ ਜਾਏਗਾ।

v. ਪੰਜਾਬ ਸਟੇਟ ਬੋਰਡ ਆਫ ਟੈਕਨੀਕਲ ਐਜੂਕੇਸ਼ਨ ਐਂਡ ਇੰਡਸਟਰੀਅਲ ਟਰੇਨਿੰਗ ਤੋਂ ਪਾਸ ਤਿੰਨ ਸਾਲਾ ਡਿਪਲੋਮਾ ਅਤੇ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜਨੀਅਰਿੰਗ ਐਂਡ ਟੈਕਨੋਲੋਜੀ (SLIET) ਤੋਂ ਪਾਸ 2 ਸਾਲ ਸਰਟੀਫਕੇਟ ਕੋਰਸ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੀ +2 ਪ੍ਰੀਖਿਆ ਦੇ ਬਰਾਬਰ ਸਮਾਨਤਾ ਦਿੱਤੀ ਜਾਂਦੀ ਹੈ।

## ਗਰੁੱਪ ਬਦਲਣ ਸਬੰਧੀ ਨਿਯਮ

ੳ) XI ਸ਼੍ਰੇਣੀ ਦੀ ਪ੍ਰੀਖਿਆ ਪਾਸ ਕਰਨ ਪਿੱਛੋਂ ਉਮੀਦਵਾਰ ਉਸ ਹੀ ਗਰੁੱਪ ਦੇ ਅੰਦਰ ਵਿਸ਼ੇ ਬਦਲ ਸਕੇਗਾ।

ਅ) XI ਸ਼੍ਰੇਣੀ ਦੀ ਪ੍ਰੀਖਿਆ ਪਾਸ ਕਰਨ ਪਿੱਛੋਂ ਉਮੀਦਵਾਰ ਵਿਗਿਆਨ (science)/ ਜ਼ਰਾਇਤ (Agriculture)/ਤਕਨੀਕੀ (Technical)/ ਵਣਜ (Commerece)/ ਕਿੱਤਾ ਧਾਰਾ (Vocational Stream) ਵਿੱਚ ਸਭ ਗਰੁੱਪਾਂ ਤੋਂ ਬਦਲ ਕੇ ਮਾਨਵੀ ਵਿਸ਼ਾ (Humanities) ਗਰੁੱਪ ਲੈ ਸਕੇਗਾ।

ੲ) XI ਸ਼੍ਰੇਣੀ ਦੀ ਪ੍ਰੀਖਿਆ ਪਾਸ ਕਰਨ ਪਿੱਛੋਂ ਉਮੀਦਵਾਰ ਕੇਵਲ ਸੁਸੰਗਤ ਗਰੁੱਪਾਂ ਵਿੱਚ ਅਕਾਦਮਿਕ ਧਾਰਾ (Academic Stream) ਤੋਂ ਬਦਲ ਕੇ ਕਿੱਤਾ ਧਾਰਾ (Vocational Stream) ਲੈ ਸਕੇਗਾ ਭਾਵ:

- ਮਾਨਵੀ ਵਿਸ਼ਿਆਂ (Humanities) ਵਿੱਚ ਗ੍ਰਹਿ-ਵਿਗਿਆਨ (Home Science) ਵਿਸ਼ੇ ਤੋਂ ਕਿੱਤਾ ਧਾਰਾ (Vocational Stream) ਵਿੱਚ ਗ੍ਰਹਿ-ਵਿਗਿਆਨ ਗਰੁੱਪ (Home Science)
- ਜ਼ਰਾਇਤ ਗਰੁੱਪ (Agriculture Group) ਤੋਂ ਕਿੱਤਾ ਧਾਰਾ (Vocational Stream) ਵਿੱਚ ਜ਼ਰਾਇਤ ਗਰੁੱਪ (Agriculture Group)
- ਵਣਜ ਗਰੁੱਪ (Commerce Group) ਤੋਂ ਕਿੱਤਾ ਧਾਰਾ (Vocational Stream) ਵਿੱਚ ਵਣਜ ਗਰੁੱਪ (Commerce Group)
- ਵਿਗਿਆਨ ਗਰੁੱਪ (Science Group) ਤੋਂ ਕਿੱਤਾ ਧਾਰਾ (Vocational Stream) ਵਿੱਚ ਇੰਜੀਨੀਅਰਿੰਗ ਗਰੁੱਪ।

**ਨੋਟ:- ਦਾਖਲੇ ਸਬੰਧੀ ਜੋਗਤਾਵਾਂ ਅਤੇ ਸ਼ਰਤਾਂ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ ਬੋਰਡ ਦਫਤਰ ਦੇ ਫੋਨ ਨੰਬਰ 0172-5227180-181 ਤੇ ਦਫਤਰੀ ਕੰਮ-ਕਾਜ ਵਾਲੇ ਦਿਨਾਂ (ਸਵੇਰੇ 9.00 ਵਜੇ ਤੋਂ ਸ਼ਾਮ 5.00ਵਜੇਤੱਕ) ਵਿੱਚ ਸੰਪਰਕ ਕੀਤਾ ਜਾ ਸਕਦਾ ਹੈ।**

22.3.22

ਉਪ ਸਕੱਤਰ (ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ।